**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ (ਮੁਹਾਲੀ)**

# ਜਨਤਕ ਸੂਚਨਾ

**ਇਸ਼ਤਿਹਾਰ ਨੰ. 12 ਆਫ 2021** ਰਾਹੀਂ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵਿੱਚ ਜੂਨੀਅਰ ਡਰਾਫਟਸਮੈਨ (ਸਿਵਲ, ਮਕੈਨੀਕਲ ਅਤੇ ਆਰਕੀਟੈਕਚਰਲ) ਦੀਆਂ 659 ਅਸਾਮੀਆਂ ਨੂੰ ਸਿੱਧੀ ਭਰਤੀ ਰਾਹੀਂ ਭਰਨ ਸਬੰਧੀ ਯੋਗ ਉਮੀਦਵਾਰਾਂ ਤੋਂ ਬੋਰਡ ਦੀ ਵੈਬਸਾਈਟ **https://sssb.punjab.gov.in** ਤੇ ਆਨਲਾਈਨ ਅਰਜ਼ੀਆਂ ਦੀ ਮੰਗ ਕੀਤੀ ਗਈ ਸੀ। ਇਨ੍ਹਾਂ ਅਸਾਮੀਆਂ ਦੀ ਭਰਤੀ ਲਈ ਲਿਖਤੀ ਪ੍ਰੀਖਿਆ ਮਿਤੀ 04.10.2021 ਨੂੰ ਲਈ ਗਈ ਸੀ, ਜਿਸ ਦਾ ਨਤੀਜਾ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਉਪਲੱਬਧ ਹੈ।

2. ਲਿਖਤੀ ਪ੍ਰੀਖਿਆ ਵਿੱਚ ਘੱਟ ਤੋਂ ਘੱਟ 40% ਨੰਬਰ (ਘੱਟੋ-ਘੱਟ 48 ਨੰਬਰ ਜਾਂ ਇਸ ਤੋਂ ਵੱਧ ਅੰਕ) ਪ੍ਰਾਪਤ ਕਰਨ ਵਾਲੇ ਪਾਸ ਹੋਏ ਉਮੀਦਵਾਰਾਂ ਦਾ Drawing Skill Test (AutoCAD) ਤੇ ਮਿਤੀ 18-19 ਦਸੰਬਰ 2021 (ਦਿਨ ਸ਼ਨੀਵਾਰ ਅਤੇ ਐਤਵਾਰ) ਨੂੰ ਹੋਵੇਗਾ।

3. ਕੋਵਿਡ-19 ਦੇ ਮੱਦੇਨਜ਼ਰ ਸਰਕਾਰ ਦੀਆਂ ਗਾਈਡਲਾਈਨਜ਼ ਦੇ ਸਨਮੁੱਖ Drawing Skill Test ਵਿੱਚ ਜੇਕਰ ਕੋਈ ਤਬਦੀਲੀ ਆਉਂਦੀ ਹੈ ਤਾਂ ਇਸ ਸਬੰਧੀ ਸੂਚਨਾ ਬਾਅਦ ਵਿੱਚ ਬੋਰਡ ਦੀ ਵੈਬਸਾਈਟ ਰਾਹੀਂ ਹੀ ਜਾਰੀ ਕੀਤੀ ਜਾਵੇਗੀ।

4. Drawing Skill Test (AutoCAD) ਲਈ ਬੁਲਾਏ ਜਾਣ ਵਾਲੇ ਪਾਸ ਉਮੀਦਵਾਰਾਂ ਦੀ ਗਿਣਤੀ, ਪ੍ਰੀਖਿਆ ਕੇਂਦਰ, ਐਡਮਿਟ ਕਾਰਡ ਅਤੇ ਪ੍ਰੀਖਿਆ ਸਬੰਧੀ ਹੋਰ ਹਦਾਇਤਾਂ/ਜਾਣਕਾਰੀ ਬਾਅਦ ਵਿੱਚ ਕੇਵਲ ਬੋਰਡ ਦੀ ਵੈਬਸਾਈਟ https://sssb.punjab.gov.in ਤੇ ਹੀ ਉਪਲਬਧ ਕਰਵਾਈ ਜਾਵੇਗੀ। ਇਸ ਲਈ ਉਮੀਦਵਾਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ Drawing Skill Test (AutoCAD) ਲਈ ਆਪਣੀ ਤਿਆਰੀ ਰੱਖਣ ਅਤੇ ਸਮੇਂ-ਸਮੇਂ ਬੋਰਡ ਦੀ ਵੈਬਸਾਈਟ ਨੂੰ ਚੈਕ ਕਰਦੇ ਰਹਿਣ।

ਸਕੱਤਰ

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ

ਮਿਤੀ : 03.12.2021

ਸਥਾਨ : ਐਸ.ਏ.ਐਸ. ਨਗਰ